# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 25-11-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹੈ ਕਿ ਭਾਰਤ ਆਪਣੇ ਭਵਿੱਖ ਦੇ ਵਿਕਾਸ ਵਿੱਚ ਸਹਿਕਾਰਤਾ ਲਈ ਵੱਡੀ ਭੂਮਿਕਾ ਦੇਖਦਾ ਏ।
- ਸਰਕਾਰ ਨੇ ਭਾਰਤ ਦੇ ਸੰਵਿਧਾਨ ਨੂੰ ਅਪਣਾਏ ਜਾਣ ਦੇ 75ਵੇਂ ਸਾਲ ਦੀ ਯਾਦ ਵਿੱਚ ਸਾਲ ਭਰ ਦੇ ਜਸ਼ਨ ਮਨਾਉਣ ਦਾ ਕੀਤਾ ਐਲਾਨ ।
- ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਨੇ ਸੂਬੇ ਦੇ ਪ੍ਰਾਈਵੇਟ ਸਕੂਲਾਂ ਵੱਲੋਂ ਗਰਮੀਆਂ ਤੇ ਸਰਦੀਆਂ ਵਿੱਚ ਸਕੂਲ ਖੁੱਲਣ ਦੇ ਸਮੇਂ ਸਬੰਧੀ ਸਿੱਖਿਆ ਵਿਭਾਗ ਦੇ ਹੁਕਮਾਂ ਦੀ ਪਾਲਣਾ ਨਾ ਕਰਨ ਦਾ ਲਿਆ ਸਖਤ ਨੋਟਿਸ।

- ਸੂਬੇ ਦੇ ਆਦਮਪੁਰ ਸਿਵਲ ਹਵਾਈ ਅੱਡੇ’ਤੇ ਪਿਛਲੇ ਕਰੀਬ 8 ਮਹੀਨਿਆਂ ਵਿੱਚ ਮੁਸਾਫ਼ਰਾਂ ਦੀ ਗਿਣਤੀ’ਚ ਹੋਇਆ 40 ਫੀਸਦੀ ਦਾ ਵਾਧਾ.|

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਇਸ ਗੱਲ ‘ਤੇ ਜ਼ੋਰ ਦਿੱਤਾ ਏ ਕਿ ਭਾਰਤ ਆਪਣੇ ਭਵਿੱਖ ਦੇ ਵਿਕਾਸ ਵਿੱਚ ਸਹਿਕਾਰਤਾ ਲਈ ਵੱਡੀ ਭੂਮਿਕਾ ਦੇਖਦਾ ਏ। ਨਵੀਂ ਦਿੱਲੀ ਵਿੱਚ ਭਾਰਤ ਮੰਡਪਮ ਵਿਖੇ ICA ਆਲਮੀ ਸਹਿਕਾਰੀ ਕਾਨਫਰੰਸ ਦਾ ਉਦਘਾਟਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਸਹਿਕਾਰੀ, ਸਿਰਫ ਇੱਕ ਆਦਰਸ਼ ਹੀ ਨਹੀਂ ਸਗੋਂ, ਭਾਰਤ ਦੇ ਸਭਿਆਚਾਰ ਦੀ ਨੀਂਹ ਨੇ. ਓਹਨਾਂ ਇਸ ਗੱਲ ਵਲ ਧਿਆਨ ਦਿਵਾਇਆ ਕਿ ਭਾਰਤ ਵਿੱਚ ਸਹਿਕਾਰਤਾ ਇੱਕ ਵਿਚਾਰ ਤੋਂ ਇੱਕ ਅੰਦੋਲਨ, ਇੱਕ ਅੰਦੋਲਨ ਤੋਂ ਇੱਕ ਇਨਕਲਾਬ ਅਤੇ ਇੱਕ ਇਨਕਲਾਬ ਤੋਂ ਸ਼ਕਤੀਕਰਨ ਵਿੱਚ ਵਿਕਸਤ ਹੋਈ ਏ। ਉਨ੍ਹਾਂ ਕਿਹਾ ਕਿ ਭਾਰਤ ਸਹਿਕਾਰਿਤਾ ਰਾਹੀਂ ਖੁਸ਼ਹਾਲੀ ਦੇ ਮੰਤਰ 'ਤੇ ਚੱਲ ਰਿਹਾ ਏ। ਇਸ ਮੌਕੇ 'ਤੇ ਸ਼੍ਰੀ ਮੋਦੀ ਨੇ ਅੰਤਰਰਾਸ਼ਟਰੀ ਸਹਿਕਾਰਤਾ ਸਾਲ 2025 'ਤੇ ਇੱਕ ਯਾਦਗਾਰੀ ਡਾਕ

ਟਿਕਟ ਜਾਰੀ ਕੀਤੀ। ਭੂਟਾਨ ਦੇ ਪ੍ਰਧਾਨ ਮੰਤਰੀ ਦਾਸ਼ੋ ਸ਼ੇਰਿੰਗ ਤੋਬਗੇ, ਫਿਜੀ ਦੇ ਉਪ ਪ੍ਰਧਾਨ ਮੰਤਰੀ ਮਾਨੋਆ ਕਾਮਿਕਾ-ਮਿਕਾ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਕਾਨਫਰੰਸ ਵਿੱਚ ਸ਼ਿਰਕਤ ਕੀਤੀ।

---------------------------------------------------------

ਸਰਕਾਰ ਨੇ ਭਾਰਤ ਦੇ ਸੰਵਿਧਾਨ ਨੂੰ ਅਪਣਾਏ ਜਾਣ ਦੇ 75ਵੇਂ ਸਾਲ ਦੀ ਯਾਦ ਵਿੱਚ ਸਾਲ ਭਰ ਦੇ ਜਸ਼ਨ ਮਨਾਉਣ ਦਾ ਐਲਾਨ ਕੀਤਾ ਏ ਜੋ ਕੱਲ੍ਹ ਤੋਂ ਸ਼ੁਰੂ ਹੋ ਰਹੇ ਨੇ। ਇਸ ਸਾਲ ਸੰਵਿਧਾਨ ਨੂੰ ਅਪਣਾਏ ਜਾਣ ਦੀ 75ਵੀਂ ਵਰ੍ਹੇਗੰਢ ਏ। ਦੇਸ਼ ਭਰ ਵਿੱਚ ਸਾਲ ਭਰ ਚੱਲਣ ਵਾਲੇ ਸਮਾਗਮ 26 ਨਵੰਬਰ 2025 ਤੱਕ ਜਾਰੀ ਰਹਿਣਗੇ। 26 ਨਵੰਬਰ, 1949 ਨੂੰ ਭਾਰਤ ਦੀ ਸੰਵਿਧਾਨ ਸਭਾ ਨੇ ਸੰਵਿਧਾਨ ਨੂੰ ਅਪਣਾਇਆ ਸੀ, ਜੋ ਕਿ 26 ਜਨਵਰੀ, 1950 ਨੂੰ ਲਾਗੂ ਹੋਇਆ ਸੀ। ਜਸ਼ਨਾਂ ਦੇ ਹਿੱਸੇ ਵਜੋਂ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਬਾਰੇ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੇ ਕਿਹਾ ਏ ਕਿ ਦਿੱਲੀ ਵਿੱਚ ਸੰਵਿਧਾਨ ਸਦਨ ਦੇ ਸੈਂਟਰਲ ਹਾਲ ਵਿੱਚ ਇੱਕ ਸ਼ਾਨਦਾਰ ਸਮਾਰੋਹ ਕਰਾਇਆ ਜਾਵੇਗਾ, ਜਿੱਥੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਸੰਸਦ ਦੇ ਦੋਵਾਂ ਸਦਨਾਂ ਦੇ

ਮੈਂਬਰਾਂ ਨੂੰ ਸੰਬੋਧਨ ਕਰਨਗੇ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਸੰਸਦ ਦਾ ਜਸ਼ਨ ਨਹੀਂ ਸਗੋਂ ਪੂਰੇ ਦੇਸ਼ ਦਾ ਜਸ਼ਨ ਏ। ਸ੍ਰੀ ਰਿਜਿਜੂ ਨੇ ਲੋਕਾਂ ਨੂੰ ਸੰਵਿਧਾਨ ਨੂੰ ਅਪਣਾਉਣ ਦੇ 75 ਸਾਲ ਪੂਰੇ ਹੋਣ ਦੀ ਯਾਦ ਵਿੱਚ ਕਰਾਈਆਂ ਜਾਣ ਵਾਲੀਆਂ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ। ਅਕਾਸ਼ਵਾਣੀ ਜਲੰਧਰ ਵੱਲੋਂ ਕਲ ਸੰਵਿਧਾਨ ਦਿਵਸ ਮੌਕੇ ਆਪਣੇ ਪ੍ਰਾਇਮਰੀ ਅਤੇ ਐਫਐਮ ਚੈਨਲਾਂ'ਤੇ ਸੰਵਿਧਾਨ ਦਿਵਸ ਦੀ ਅਹਿਮੀਅਤ ਅਤੇ ਇਸ ਬਾਰੇ ਜਾਗਰੂਕਤਾ ਲਈ ਵਿਸ਼ੇਸ਼ ਪ੍ਰੋਗਰਾਮ ਉਲੀਕੇ ਗਏ ਨੇ। ਇਹਨਾਂ ਵਿਚ ਸਵੇਰੇ, ਸੱਜਰੀ ਸਵੇਰ ਪ੍ਰੋਗਰਾਮ, ਸ਼ਾਮ ਸਾਢੇ 6 ਵਜੇ ਰਾਸ਼ਟਰ ਨਿਰਮਾਣ ਅਤੇ ਭਾਰਤੀ ਸੰਵਿਧਾਨ ਤੇ 7 ਵਾਜ ਕੇ 40 ਮਿੰਟ' ਅੰਗਰੇਜੀ ਵਿਚ Dr B.R. Ambedkar - The architect of the Indian Constitution ਸ਼ਾਮਲ ਨੇ।

---------------------------------------------------

ਜਲੰਧਰ ਵਿਖੇ ਅੱਜ ਭਾਰਤੀ ਜਨਤਾ ਪਾਰਟੀ ਦੀ ਸੂਬਾ ਪੱਧਰੀ ਮੀਟਿੰਗ ਹੋਈ, ਜਿਸ ਵਿੰਚ ਮੈਂਬਰਸ਼ਿਪ ਬਾਰੇ ਚਰਚਾ ਕੀਤੀ ਗਈ। ਬੀ ਜੇ ਪੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ, ਵਿਜੇ ਰੁਪਾਨੀ ਅਤੇ ਪਾਰਟੀ ਦੇ ਕੌਮੀ

ਜਰਨਲ ਸਕੱਤਰ ਤਰੁਣ ਚੁੱਘ ਨੇ ਸਮਾਗਮ ਵਿੱਚ ਹਿੱਸਾ ਲਿਆ। ਇਸ ਮੌਕੇ ਤਰੁਣ ਚੁੱਘ ਨੇ ਕਿਹਾ ਕਿ ਇਸ ਮੁਹਿੰਮ ਲਈ ਜਲੰਧਰ ਤੋਂ ਸਾਬਕਾ ਕੈਬਿਨੇਟ ਮੰਤਰੀ ਮਨੋਰੰਜਨ ਕਾਲੀਆ ਨੂੰ ਇੰਚਾਰਜ ਬਣਾਇਆ ਗਿਆ ਏ ।ਉਹਨਾ ਕਿਹਾ ਕਿ ਇਸ ਮੀਟਿੰਗ ਦਾ ਮੰਤਵ 30 ਲੱਖ ਲੋਕਾਂ ਨੂੰ ਭਾਜਪਾ ਨਾਲ ਜੋੜਨ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਚਰਚਾ ਕਰਨਾ ਏ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਸਾਨਾਂ ਬਾਰੇ ਬੋਲਦਿਆਂ ਤਰੁਣ ਚੁੱਘ ਨੇ ਕਿਹਾ ਕਿ 6 ਦਸੰਬਰ ਨੂੰ ਦਿੱਲੀ ਜਾਣ ਦੀ ਬਜਾਏ ਕਿਸਾਨਾਂ ਨੂੰ ਪੰਜਾਬ ਦੇ ਮੁੱਖ ਮੰਤਰੀ ਦੇ ਘਰ ਦੇ ਬਾਹਰ ਧਰਨਾ ਲਾਉਣਾ ਚਾਹੀਦਾ ਏ। byte- ਕਾਂਗਰਸ ਤੇ ਨਿਸ਼ਾਨਾ ਲਾਉਂਦਿਆਂ ਚੁੱਘ ਨੇ ਕਿਹਾ ਕਿ ਪਾਰਟੀ ਨੂੰ ਸਥਿਤੀ ਸਪੱਸ਼ਟ ਕਰਨੀ ਚਾਹੀਦੀ ਏ ਕਿ ਸਿੱਖ ਭਾਈਚਾਰੇ ਦੇ ਕਤਲੇਆਮ ਦੇ ਦੋਸ਼ੀ ਜਗਦੀਸ਼ ਟਾਈਟਲਰ ਦਾ ਕਾਂਗਰਸ ਨਾਲ ਕੀ ਸਬੰਧ ਏ- byte -

---------------------------------------------------

ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਨੇ ਰਾਜ ਦੇ ਪ੍ਰਾਈਵੇਟ ਸਕੂਲਾਂ ਵਿੱਚ ਗਰਮੀਆਂ ਅਤੇ ਸਰਦੀਆਂ ਦੇ ਮੌਸਮ ਵਿੱਚ ਸਕੂਲ ਖੁੱਲਣ

ਦੇ ਸਮੇਂ ਸਬੰਧੀ ਸਿੱਖਿਆ ਵਿਭਾਗ ਦੇ ਹੁਕਮਾਂ ਦੀ ਪਾਲਣਾ ਨਾ ਕਰਨ'ਤੇ ਸਖਤ ਨੋਟਿਸ ਲਿਆ ਏ। ਕਮਿਸ਼ਨ ਦੇ ਚੇਅਰਮੈਨ ਕੰਵਰਦੀਪ ਸਿੰਘ ਨੇ ਦੱਸਿਆ ਏ ਕਿ ਕਈ ਪ੍ਰਾਈਵੇਟ ਸਕੂਲ ਸਿੱਖਿਆ ਵਿਭਾਗ ਦੇ ਆਦੇਸ਼ਾਂ ਨੂੰ ਅਣਡਿੱਠਾ ਕਰਦੇ ਹੋਏ ਤੈਅ ਸਮੇਂ ਤੋਂ ਪਹਿਲਾਂ ਸਕੂਲ ਖੋਲ੍ਹਦੇ ਨੇ, ਜਿਸ ਨਾਲ ਧੁੰਦ ਅਤੇ ਠੰਡ ਦੇ ਮੌਸਮ ਵਿੱਚ ਬੱਚਿਆਂ ਦੀ ਸੁਰੱਖਿਆ ਖਤਰੇ ਵਿੱਚ ਪੈ ਸਕਦੀ ਏ। ਪਿਛਲੇ ਦਿਨਾਂ 'ਚ ਕਈ ਥਾਵਾਂ ਤੇ ਸਕੂਲੀ ਬੱਸਾਂ ਨਾਲ ਹਾਦਸਿਆਂ ਦੇ ਮਾਮਲੇ ਸਾਹਮਣੇ ਆਏ ਨੇ, ਜਿਹਨਾਂ ਨਾਲ ਬੱਚਿਆਂ ਦੀ ਜਾਨ ਨੂੰ ਖਤਰਾ ਪੈਦਾ ਹੋਇਆ ਏ। ਕਮਿਸ਼ਨ ਵੱਲੋਂ ਇਸ ਮਾਮਲੇ ਦਾ ਸਖਤ ਨੋਟਿਸ ਲੈਂਦੇ ਹੋਏ ਸਕੂਲ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਏ ਕਿ ਜਿਹੜੇ ਪ੍ਰਾਈਵੇਟ ਸਕੂਲ ਸਰਕਾਰੀ ਹੁਕਮਾਂ ਦੀ ਉਲੰਘਣਾ ਕਰਦੇ ਨੇ ਉਨ੍ਹਾਂ ਵਿਰੁੱਧ ਸਖਤੀ ਨਾਲ ਨਿਪਟਿਆ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਸਕੂਲ ਵੱਲੋਂ ਸਰਕਾਰੀ ਹੁਕਮਾਂ ਦੀ ਪਾਲਣਾ ਨਹੀ ਕੀਤੀ ਜਾਂਦੀ ਅਤੇ ਹਾਦਸਾ ਵਾਪਰਦਾ ਏ, ਤਾਂ ਇਸ ਦੀ ਜ਼ਿੰਮੇਵਾਰੀ ਸਬੰਧਤ ਸਕੂਲ ਦੇ ਪ੍ਰਿੰਸੀਪਲ ਅਤੇ ਪ੍ਰਬੰਧਕਾਂ ਦੀ ਹੋਵੇਗੀ। ਕਮਿਸ਼ਨ ਨੇ ਇਸ ਸਬੰਧ'ਚ ਸਾਰੇ ਜਿਲ੍ਹਾ ਸਿੱਖਿਆ ਅਧਿਕਾਰੀਆਂ, ਬਾਲ ਸੁਰੱਖਿਆ ਅਧਿਕਾਰੀਆਂ

ਅਤੇ ਪੁਲਿਸ ਵਿਭਾਗ ਨੂੰ ਇਹ ਨਿਰਦੇਸ਼ ਦਿੱਤੇ ਨੇ ਕਿ ਉਹ ਸਕੂਲਾਂ ਵਿੱਚ ਸਰਕਾਰੀ ਹੁਕਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ, ਤੁਰੰਤ ਕਾਰਵਾਈ ਨੂੰ ਅਮਲ ਵਿੱਚ ਲਿਆਉਣ।

---------------------------------------------------

ਪੰਜਾਬ ਦਾ ਆਦਮਪੁਰ ਸਿਵਲ ਹਵਾਈ ਅੱਡਾ ਸੂਬੇ ਦੇ ਮੁਸਾਫ਼ਰਾਂ ਵਿੱਚ ਮਕਬੂਲੀਅਤ ਹਾਸਿਲ ਕਰ ਰਿਹਾ ਏ । ਅਗਲੇ ਸਾਲ ਜਨਵਰੀ ਤੋਂ, ਮੁੰਬਈ ਅਤੇ ਜੈਪੁਰ ਲਈ ਹੋਰ ਉਡਾਣਾਂ ਸ਼ੁਰੂ ਹੋਣੀਆਂ ਨੇ । ਮੌਜੂਦਾ ਸਮੇਂ , ਸਿਰਫ ਸਟਾਰ ਏਅਰਲਾਈਨ, ਫਰੀਦਾਬਾਦ ਵਿੱਚ ਹਿੰਡਨ, ਨਾਂਦੇੜ ਅਤੇ ਬੈਂਗਲੁਰੂ ਲਈ ਉਡਾਣਾਂ ਚਲਾ ਰਹੀ ਏ । ਹਵਾਈ ਅੱਡੇ ਦੇ ਡਾਇਰੈਕਟਰ ਪੁਸ਼ਪੇਂਦਰ ਨਿਰਾਲਾ ਨੇ ਆਕਾਸ਼ਵਾਣੀ ਨੂੰ ਦੱਸਿਆ ਏ ਕਿ ਕੋਵਿਡ ਦੇ ਸਮੇਂ ਦੇ ਮੁਕਾਬਲੇ, ਪਿਛਲੇ ਲਗਭਗ 8 ਮਹੀਨਿਆਂ ਵਿੱਚ ਮੁਸਾਫ਼ਰਾਂ ਦੀ ਗਿਣਤੀ ਵਿੱਚ 40 ਫੀਸਦੀ ਵਾਧਾ ਹੋਇਆ ਏ. ਸਾਲ 2020 ਤੋਂ 21 ਦੌਰਾਨ ਮੁਸਾਫ਼ਰਾਂ ਦੀ ਗਿਣਤੀ 14 ਹਜ਼ਾਰ ਸੀ ਤੇ ਮੌਜੂਦਾ ਸਮੇਂ ਇਹ 20 ਹਜ਼ਾਰ ਏ । ਦਿੱਲੀ ਲਈ ਉਡਾਣਾਂ ਅਪ੍ਰੈਲ, 2021 ਵਿੱਚ ਬੰਦ ਕਰ ਦਿੱਤੀਆਂ ਗਈਆਂ

ਸਨ, ਪਰ ਇਸ ਸਾਲ 31 ਮਾਰਚ ਨੂੰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਹਵਾਈ ਅੱਡੇ ਦੀ ਨਵੀਂ ਬਣੀ ਟਰਮੀਨਲ ਇਮਾਰਤ ਦਾ ਉਦਘਾਟਨ ਕਰਨ ਤੋਂ ਬਾਅਦ, ਇਹਨਾਂ ਨੂੰ ਮੁੜ੍ਹ ਸ਼ੁਰੂ ਕੀਤਾ ਗਿਆ. ਹੋਰ ਵੇਰਵੇ ਨਾਲ ਇਹ ਰਿਪੋਰਟ – DESPATCH –

---------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ, ਮੈਡੀਕਲ ਸਿੱਖਿਆ ਤੇ ਖੋਜ ਮੰਤਰੀ, ਪੰਜਾਬ ਡਾ. ਬਲਬੀਰ ਸਿੰਘ ਵੱਲੋਂ ਮੁਹਾਲੀ ਦੇ ਸਿਵਲ ਹਸਪਤਾਲ ਫੇਜ਼-6 ਤੋਂ 2 ਬਲੱਡ ਕੁਲੈਕਸ਼ਨ ਤੇ ਟ੍ਰਾਂਸਪੋਰਟੇਸ਼ਨ ਵੈਨਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ ਅਤੇ ਸਿਵਲ ਹਸਪਤਾਲ ਮੋਹਾਲੀ ਵਿਖੇ ਬਲੱਡ ਸੈਂਟਰ ਨੂੰ ਬਿਹਤਰ ਬਣਾ ਕੇ ਬਲੱਡ ਕੰਪੋਨੈਂਟ ਸੈਪਰੇਸ਼ਨ ਯੂਨਿਟ ਕਾਇਮ ਕਰਨ ਦੀ ਸ਼ੂਰੂਆਤ ਕੀਤੀ ਗਈ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਹ 2 ਬਲੱਡ ਕੁਲੈਕਸ਼ਨ ਤੇ ਟ੍ਰਾਂਸਪੋਰਟੇਸ਼ਨ ਵੈਨਾਂ ਜ਼ਿਲ੍ਹਾ ਮੋਹਾਲੀ ਅਤੇ ਲੁਧਿਆਣਾ ਵਿੱਚ ਚਲਾਈਆਂ ਜਾਣਗੀਆਂ। ਇਨ੍ਹਾਂ ਵੈਨਾਂ ਵਿੱਚ 2 ਵਿਅਕਤੀਆਂ ਦੇ ਖ਼ੂਨਦਾਨ ਅਤੇ ਇਨ੍ਹਾਂ

ਵੈਨਾਂ ਰਾਹੀਂ ਬਲੱਡ ਟ੍ਰਾਂਸਪੋਰਟੇਸ਼ਨ ਕਰਨ ਦੀ ਸਹੂਲਤ ਦਿੱਤੀ ਗਈ ਏ ਅਤੇ ਇਕ ਸਮੇਂ ਤੇ ਦੋ ਵਿਅਕਤੀ ਖ਼ੂਨ ਦਾਨ ਕਰ ਸਕਦੇ ਨੇ.

----------------------------------------------------------

ਸਰਬੰਸਦਾਨੀ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ, ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ 25 ਤੋਂ 27 ਦਸੰਬਰ ਤੱਕ ਕਰਾਈ ਜਾਣ ਵਾਲੀ ਸ਼ਹੀਦੀ ਸਭਾ ਦੇ ਜਰੂਰੀ ਪ੍ਰਬੰਧਾਂ ਨੂੰ ਵੇਖਦੇ ਹੋਏ ਫਤਹਿਗੜ੍ਹ ਸਾਹਿਬ ਦੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਸਾਰੇ ਅਧਿਕਾਰੀਆਂਨੂੰ ਆਦੇਸ਼ ਜਾਰੀ ਕੀਤੇ ਨੇ ਕਿ ਕੋਈ ਵੀ ਅਧਿਕਾਰੀ ਜਾਂ ਮੁਲਾਜ਼ਮ, ਦਸੰਬਰ ਮਹੀਨੇ ਦੌਰਾਨ ਛੁੱਟੀ ਨਹੀਂਲਵੇਗਾ, ਸਾਰੇ ਅਧਿਕਾਰੀ ਆਪਣੇ ਅਧੀਨ ਕੰਮ ਕਰਦੇ ਮੁਲਾਜ਼ਮਾਂ ਦੀਆਂ ਛੁੱਟੀਆਂ ਮਨਜੂਰ ਨਹੀਂ ਕਰਨਗੇ ਅਤੇ ਨਾ ਹੀ ਅਧਿਕਾਰੀ ਤੇ ਮੁਲਾਜ਼ਮ ਆਪਣਾ ਸਦਰ ਮੁਕਾਮ ਛੱਡਣਗੇ। ਡਿਪਟੀ ਕਮਿਸ਼ਨਰ ਨੇ ਇਹ ਆਦੇਸ਼ ਵੀ ਦਿੱਤੇ ਨੇ ਕਿ ਜੇਕਰ ਕਿਸੇ ਅਧਿਕਾਰੀ ਨੂੰ ਐਮਰਜੰਸੀ ਕਾਰਨ ਆਪਣਾ ਸਦਰ- ਮੁਕਾਮ ਛੱਡਣਾ ਹੋਵੇ ਤਾਂ ਉਹ

ਪਹਿਲਾਂ ਡਿਪਟੀ ਕਮਿਸ਼ਨਰ ਪਾਸੋਂ ਪ੍ਰਵਾਨਗੀ ਪ੍ਰਾਪਤ ਕਰੇਗਾ। ਡਿਪਟੀ ਕਮਿਸ਼ਨਰ ਨੇ ਇਹ ਆਦੇਸ਼ ਵੀ ਦਿੱਤੇ ਨੇ ਕਿ 25 ਤੋਂ 27 ਦਸੰਬਰ ਤੱਕ ਮਨਾਈ ਜਾਣ ਵਾਲੀ ਸ਼ਹੀਦੀ ਸਭਾ ਨੂੰ ਦੇਖਦਿਆਂ 21, 22 ਅਤੇ 25 ਦਸੰਬਰ ਨੂੰ ਕ੍ਰਿਸਮਿਸ ਦੀ ਛੁੱਟੀ ਵਾਲੇ ਦਿਨ, ਜ਼ਿਲ੍ਹੇ ਦੇ ਸਾਰੇ ਦਫਤਰ, ਆਮ ਦਿਨਾਂ ਵਾਂਗ ਲੱਗਣਗੇ .

---------------------------------------------------------

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ, ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਿਤ ਵਿਚਾਰ-ਅਧੀਨ ਮਸਲੇ ਅਤੇ ਚਲੰਤ ਪੰਥਕ ਮਾਮਲਿਆਂ ਸਬੰਧੀ ਜ਼ਰੂਰੀ ਵਿਚਾਰ-ਵਟਾਂਦਰੇ ਲਈ 2 ਦਸੰਬਰ ਨੂੰ, ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਬੁਲਾਈ ਏ । ਇਸ ਸਬੰਧ'ਚ, ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸਾਲ 2007 ਤੋਂ 2017 ਵਾਲੀ ਅਕਾਲੀ ਸਰਕਾਰ ਦੀ ਸਮੁੱਚੀ ਕੈਬਨਿਟ, ਸ਼੍ਰੋਮਣੀ ਅਕਾਲੀ ਦਲ ਦੀ ਓਸ ਸਮੇਂ ਦੀ ਕੋਰ ਕਮੇਟੀ ਅਤੇ 2015 ਵੇਲੇ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਦੀ ਅੰਤ੍ਰਿਗ ਕਮੇਟੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕੀਤਾ ਗਿਆ ਏ। ਸਕੱਤਰੇਤ ਵਲੋਂ ਇਸ ਬਾਬਤ ਪੱਤਰ ਜਾਰੀ ਕਰ ਦਿੱਤੇ ਨੇ. ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਪ੍ਰਧਾਨ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਵੀ ਸਮੁੱਚੇ ਸਕੱਤਰਾਂ ਸਮੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਮੌਜੂਦ ਰਹਿਣ ਲਈ ਕਿਹਾ ਏ।

--------------------------------------------------------

ਆਸਟ੍ਰੇਲੀਆ ਦੇ ਪਰਥ’ਚ ਬਾਰਡਰ ਗਾਵਸਕਰ ਟ੍ਰਾਫ਼ੀ ਦੇ ਪਹਿਲੇ ਕ੍ਰਿਕੇਟ ਟੇਸਟ’ਚ ਭਾਰਤ ਨੇ ਆਸਟਰੇਲੀਆ’ਤੇ 295 ਦੌੜਾਂ ਦੀ ਸ਼ਾਨਦਾਰ ਜਿੱਤ ਦਰਜ ਕੀਤੀ ਏ. ਇਹ ਜਿੱਤ, ਭਾਰਤ ਦੀਆਂ ਸਭ ਤੋਂ ਵੱਡੀਆਂ ਟੇਸਟ ਜਿੱਤਾਂ’ਚੋਂ ਇੱਕ ਏ.

--------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹੈ ਕਿ ਭਾਰਤ ਆਪਣੇ ਭਵਿੱਖ ਦੇ ਵਿਕਾਸ ਵਿੱਚ ਸਹਿਕਾਰਤਾ ਲਈ ਵੱਡੀ ਭੂਮਿਕਾ ਦੇਖਦਾ ਏ।

- ਸਰਕਾਰ ਨੇ ਭਾਰਤ ਦੇ ਸੰਵਿਧਾਨ ਨੂੰ ਅਪਣਾਏ ਜਾਣ ਦੇ 75ਵੇਂ ਸਾਲ ਦੀ ਯਾਦ ਵਿੱਚ ਸਾਲ ਭਰ ਦੇ ਜਸ਼ਨ ਮਨਾਉਣ ਦਾ ਕੀਤਾ ਐਲਾਨ ।
- ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਨੇ ਸੂਬੇ ਦੇ ਪ੍ਰਾਈਵੇਟ ਸਕੂਲਾਂ ਵੱਲੋਂ ਗਰਮੀਆਂ ਤੇ ਸਰਦੀਆਂ ਵਿੱਚ ਸਕੂਲ ਖੁੱਲਣ ਦੇ ਸਮੇਂ ਸਬੰਧੀ ਸਿੱਖਿਆ ਵਿਭਾਗ ਦੇ ਹੁਕਮਾਂ ਦੀ ਪਾਲਣਾ ਨਾ ਕਰਨ ਦਾ ਲਿਆ ਸਖਤ ਨੋਟਿਸ।

- ਸੂਬੇ ਦੇ ਆਦਮਪੁਰ ਸਿਵਲ ਹਵਾਈ ਅੱਡੇ'ਤੇ ਪਿਛਲੇ ਕਰੀਬ 8 ਮਹੀਨਿਆਂ ਵਿੱਚ ਮੁਸਾਫ਼ਰਾਂ ਦੀ ਗਿਣਤੀ'ਚ ਹੋਇਆ 40 ਫੀਸਦੀ ਦਾ ਵਾਧਾ.|